ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 27 ਸਤੰਬਰ 2025 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਧਰਮ ਬਨਾਮ ਮਾਰਕਸਵਾਦ ਦੇ ਕਰਤਾ ਪ੍ਰੋ. ਗੁਰਮੀਤ ਸਿੰਘ ਟਿਵਾਣਾ ਦੇ ਵਿਛੋੜੇ ਤੇ ਸ਼ੋਕ ਇੱਕਤਰਤਾ

ਵਰਲਡ ਪੰਜਾਬੀ ਟਾਈਮਜ਼
ਡਾ. ਭਗਵੰਤ ਸਿੰਘ



ਪਟਿਆਲਾ 27 ਸਤੰਬਰ : ਮਾਲਵਾ ਰਿਸਰਚ ਸੈਂਟਰ ਪਟਿਆਲਾ (ਰਜਿ.) ਪੰਜਾਬੀ ਸਾਹਿਤ ਸਭਾ ਸੰਗਰੂਰ ਦੀ ਇੱਕਤਰਤਾ ਅੱਜ ਡਾ. ਤੇਜਵੰਤ ਮਾਨ ਵਿਸ਼ਵ ਚਿੰਤਕ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ਵ ਚਿੰਤਕ ਡਾ. ਸਵਰਾਜ ਸਿੰਘ, ਡਾ. ਨਰਵਿੰਦਰ ਕੌਸ਼ਲ, ਡਾ. ਭਗਵੰਤ ਸਿੰਘ, ਜਗਦੀਪ ਸਿੰਘ ਗੰਧਾਰਾ ਐਡਵੋਕੇਟ, ਗੁਰਨਾਮ ਸਿੰਘ, ਹਰਕੇਸ਼ ਸਿੰਘ, ਡਾ. ਗੁਰਮੀਤ ਸਿੰਘ, ਸੰਦੀਪ ਸਿੰਘ, ਅਵਤਾਰ ਸਿੰਘ, ਕੁਲਵੰਤ ਕਸਕ, ਦੇਸ ਭੂਸ਼ਨ, ਚਰਨ ਬੰਬੀਹਾ, ਦਰਬਾਰਾ ਸਿੰਘ ਢੀਂਡਸਾ, ਤੇਜਾ ਸਿੰਘ ਤਿਲਕ, ਮਹਿੰਦਰ ਸਿੰਘ ਆਦਿ ਅਨੇਕਾਂ ਸਾਹਿਤਕਾਰ ਬੁੱਧੀਜੀਵੀ ਸ਼ਾਮਲ ਹੋਏ। ਮੀਟਿੰਗ ਵਿੱਚ ਪੰਜਾਬੀ ਦੇ ਉੱਘੇ ਚਿੰਤਕ, ਦਰਸ਼ਨਵੇਤਾ ਪ੍ਰੋ. ਗੁਰਮੀਤ ਸਿੰਘ ਟਿਵਾਣਾ ਦੀ ਐਬਟਸਫੋਰਡ ਕੈਨੇਡਾ ਵਿੱਚ ਹੋਏ ਦੇਹਾਂਤ ਤੇ ਸ਼ੋਕ ਵਿਅਕਤ ਕੀਤਾ। ਡਾ. ਤੇਜਵੰਤ ਮਾਨ ਨੇ ਕਿਹਾ ਕਿ ਪ੍ਰੋ. ਗੁਰਮੀਤ ਸਿੰਘ ਟਿਵਾਣਾ ਨੇ ਧਰਮ ਅਤੇ ਮਾਰਕਸਵਾਦ ਦੇ ਸਮਨਵੈ ਦਾ ਸਹੀ ਵਿਸ਼ਲੇਸ਼ਣ ਕੀਤਾ ਸੀ। ਉਨ੍ਹਾਂ ਨੇ ਪ੍ਰੋ. ਕਿਸ਼ਨ ਸਿੰਘ ਦੀ ਵਿਚਾਰਧਾਰਾ ਨੂੰ ਅੱਗੇ ਤੋਰਿਆ। ਡਾ. ਸਵਰਾਜ ਸਿੰਘ ਨੇ ਕਿਹਾ ਕਿ ਅਖੌਤੀ ਮਾਰਕਸਵਾਦੀਆਂ ਤੇ ਕੱਟੜਵਾਦੀਆਂ ਨੇ ਮਾਰਕਸਵਾਦ ਤੇ ਧਰਮ ਦੇ ਬਿਖੇੜੇ ਖੜੇ ਕੀਤੇ ਜਦਕਿ ਮਾਰਕਸਵਾਦ ਤੇ ਸਿੱਖ ਧਰਮ ਇੱਕ ਦੂਸਰੇ ਦੇ ਪੂਰਕ ਹਨ। ਮਨੁੱਖ ਨੂੰ ਸਹੀ ਸੇਧ ਦੇਣ ਵਿੱਚ ਧਰਮ ਦੀ ਬਹੁਤ ਵੱਡੀ ਦੇਣ ਹੈ। ਪ੍ਰੋ. ਟਿਵਾਣਾ ਨੇ ਇਸ ਦਿਸ਼ਾ ਵਿੱਚ ਵੱਡਾ ਕਾਰਜ ਕੀਤਾ। ਡਾ. ਭਗਵੰਤ ਸਿੰਘ ਨੇ ਕਿਹਾ ਕਿ ਵਿਰਾਸਤ ਫਾਊਂਡੇਸ਼ਨ ਕਨੇਡਾ ਦੇ ਭੂਪਿੰਦਰ ਸਿੰਘ ਮੱਲੀ ਨੇ ਪ੍ਰੋ. ਗੁਰਮੀਤ ਸਿੰਘ ਟਿਵਾਣਾ ਦੁਆਰਾ ਸੰਪਾਦਤ ਪ੍ਰੋ. ਕਿਸ਼ਨ ਸਿੰਘ ਰਚਨਾਵਲੀ ਛਪਾ ਕੇ ਅੰਤਮ ਪਲਾ ਵਿੱਚ ਉਨ੍ਹਾਂ ਦੇ ਰੂ-ਬ-ਰੂ ਕੀਤੀ। ਇਹ ਪ੍ਰੋ. ਸਾਹਿਬ ਦਾ ਲਾਸਾਨੀ ਕਾਰਜ ਹੈ। ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਨੇ ਪ੍ਰੋ. ਟਿਵਾਣਾ ਨੂੰ ਸਰਧਾਂਜਲੀ ਅਰਪਿਤ ਕੀਤੀ। ਜੇਰਾ ਸਿੰਘ ਮੰਡੇਰ ਅਤੇ ਅਨੇਖ ਸਿੰਘ ਵਿਰਕ ਨੇ ਵੀ ਆਪਣੇ ਵੱਲੋਂ ਵੱਖਰੇ ਤੌਰ ਤੇ ਸਰਧਾਂਜਲੀ ਭੇਂਟ ਕੀਤੀ।

ਐਸ.ਬੀ.ਆਰ.ਐਸ. ਗੁਰੂਕੁਲ ਸਕੂਲ ਵਿੱਚ ਕਰਵਾਇਆ ਗਿਆ ਇੱਕ ਰੋਜ਼ਾ ਸੈਮੀਨਾਰ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 27 ਸਤੰਬਰ : ਅਜੋਕੇ ਯੁੱਗ ਵਿੱਚ ਵਿਸ਼ਵ ਪੱਧਰ ਉੱਤੇ ਹੋ ਰਹੇ ਤਕਨੀਕੀ ਵਿਕਾਸ, ਡਿਜ਼ੀਟਲ ਇਨੋਵੇਸ਼ਨ ਅਤੇ ਗਲੋਬਲ ਮੁਕਾਬਲੇ ਨੂੰ ਦੇਖਦਿਆਂ ਅਧਿਆਪਕਾਂ ਨੂੰ ਅਕਾਦਮਿਕ ਗਿਆਨਵਾਨ ਵਿਧੀਆਂ ਤੋਂ ਇਲਾਵਾ ਪੜ੍ਹਾਈ ਦੇ ਪੱਧਰ ਨੂੰ ਹੋਰ ਉਚੇਚਾ ਚੁੱਕਣ ਲਈ ਕਈ ਲਾਜ਼ਮੀ ਕੁਸ਼ਲਤਾਵਾਂ ਦੀ ਵੀ ਲੋੜ ਹੁੰਦੀ ਹੈ। ਜਿਸ ਅਧੀਨ ਐਸ.ਬੀ.ਆਰ.ਐਸ. ਗੁਰੂਕੁਲ ਸਕੂਲ ਵਿੱਚ ਟਰੇਨਰ ਆਫਰੀਨ ਸ਼ੇਖ (ਡਿਪਟੀ ਅਕੈਡਮਿਕ ਹੈਡ ਐਡੂਵੇਟ) ਦੁਆਰਾ 21ਵੀਂ ਸਦੀ ਦੇ ਹੁਨਰ ਨਾਲ ਸਬੰਧਤ ਇੱਕ ਖਾਸ ਟ੍ਰੇਨਿੰਗ ਰੱਖੀ ਗਈ, ਜਿਸ ਵਿੱਚ ਹੁਨਰ ਸਿਖਲਾਈ ਸੰਬੰਧਤ ਵੱਖ ਵੱਖ ਪੱਖਾਂ ਉੱਪਰ ਚਾਨਣਾ ਪਾਇਆ ਗਿਆ ਅਤੇ ਅਧਿਆਪਕਾਂ ਨੂੰ ਵੱਖ-ਵੱਖ ਗਤੀਵਿਧੀਆਂ ਦੁਆਰਾ ਅਕਾਦਮਿਕ ਗਿਆਨ ਦੇਣ ਲਈ ਪ੍ਰੇਰਿਤ ਕੀਤਾ ਗਿਆ। ਟ੍ਰੇਨਰ ਆਫਰੀਨ ਸ਼ੇਖ ਨੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਜਿੱਥੇ ਆਧੁਨਿਕ ਸਿੱਖਿਆ ਵਿੱਚ ਤਕਨੀਕੀ ਲੋੜਾਂ ਬਾਰੇ ਜਾਣਕਾਰੀ ਦਿੱਤੀ ਹੈ, ਉੱਥੇ ਹੀ ਲਰਨਿੰਗ ਸਕਿਲਸ ਦੇ ਤਿੰਨ ਮੁੱਖ ਪੱਖਾਂ ਜਿਸ ਵਿੱਚ 'ਦਾ 4ਸੀ, ਐੱਫ ਐੱਲ ਆਈ ਪੀ ਐੱਸ, ਆਈ ਐੱਮ ਟੀ ਨੂੰ ਗਤੀਵਿਧੀਆਂ ਦੁਆਰਾ ਵਿਸਥਾਰ ਵਿੱਚ ਦੱਸਿਆ ਗਿਆ ਅਤੇ ਸਕੂਲ ਸਮੇਂ ਦੌਰਾਨ ਅਕਾਦਮਿਕ ਗਿਆਨ ਦੇਣ ਵਿੱਚ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਡਾ. ਨਸੀਮ ਬਾਨੇ ਅਤੇ ਸਮੂਹ ਅਧਿਆਪਕ ਸਾਹਿਬਾਨ ਦੁਆਰਾ ਟਰੇਨਰ ਆਫਰੀਨ ਸ਼ੇਖ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਐਡੂਵੇਟ ਕੰਪਨੀ ਵੱਲੋਂ ਨਿਰਧਾਰਿਤ ਕੀਤੇ ਗਏ ਇਸ ਪ੍ਰੋਗਰਾਮ ਲਈ ਸ਼ਲਾਘਾ ਵੀ ਕੀਤੀ ਗਈ। ਅਖੀਰ ਵਿੱਚ ਇਹਨਾਂ ਸਿੱਖਿਅਕ ਪਲਾਂ ਨੂੰ ਸਾਂਝਾ ਕਰਦੇ ਹੋਏ ਸਮੂਹ ਸਟਾਫ ਦੇ ਨਾਲ ਟਰੇਨਰ ਆਫਰੀਨ ਸ਼ੇਖ ਦੁਆਰਾ ਗੁਰੱਪ ਫੋਟੋ ਦਾ ਪ੍ਰਸਤਾਵ ਰੱਖਿਆ ਗਿਆ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਹੁਨਰ ਟ੍ਰੇਨਿੰਗ ਦੇਣ ਸਬੰਧੀ ਬਹੁਮੁੱਲੀ ਜਾਣਕਾਰੀ ਸਾਂਝੀ ਕਰਨ ਲਈ ਸਨਮਾਨ ਚਿੰਨ ਭੇਂਟ ਕੀਤੇ ਗਏ।

ਨੈਸ਼ਨਲ ਯੂਥ ਵੈਲਫ਼ੇਅਰ ਕਲੱਬ ਨੇ ਬਲਾਚੌਰ ਪਹੁੰਚ ਕੇ ਲੈਕਚਰਾਰ ਸੁਨੀਲ ਚੰਦਿਆਣਵੀ ਨੂੰ ਕੀਤਾ ਸਨਮਾਨਿਤ ਕੀਤਾ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾ

ਫਰੀਦਕੋਟ, 27 ਸਤੰਬਰ : ਸੱਭਿਆਚਾਰਕ ਅਤੇ ਸਮਾਜ ਸੇਵਾ ਖੇਤਰ 'ਚ ਅਲੱਗ ਪਹਿਚਾਣ ਰੱਖਣ ਵਾਲੇ ਨੈਸ਼ਨਲ ਯੂਥ ਵੈਲਫ਼ੇਅਰ ਕਲੱਬ ਰਜਿ:ਫ਼ਰੀਦਕੋਟ ਸਬੰਧਤ ਯੁਵਕ ਸੇਵਾਵਾਂ ਵਿਭਾਗ ਫ਼ਰੀਦਕੋਟ ਵੱਲੋਂ ਨਿਵੇਕਲੇ ਢੰਗ ਨਾਲ ਅਧਿਆਪਕ ਦਿਵਸ ਮਨਾਉਣ ਲਈ ਵਿੱਢੀ ਮੁਹਿੰਮ ਦੇ ਦੂਸਰੇ ਪੜਾਅ 'ਚ ਕਲੱਬ ਦੇ ਪ੍ਰਧਾਨ ਅੰਤਰ ਰਾਸ਼ਟਰੀ ਭੰਗੜਾ ਕੋਚ ਗੁਰਚਰਨ ਸਿੰਘ, ਪ੍ਰੋਗਰਾਮ ਕੋਆਰਡੀਨੇਟਰ ਗੁਰਮੇਲ ਸਿੰਘ ਜੱਸਲ, ਮੁੱਖ ਸਲਾਹਕਾਰ ਇੰਜ.ਬਲਤੇਜ ਸਿੰਘ ਤੇਜੀ ਜੌੜਾ, ਮੁੱਖ ਸਲਾਹਕਾਰ ਪਾਲ ਸਿੰਘ ਸੰਧੂ ਅਤੇ ਲੋਕ ਗਾਇਕ ਹਰਿੰਦਰ ਸੰਧੂ ਅਧਾਰਿਤ ਟੀਮ ਫ਼ਰੀਦਕੋਟ ਤੋਂ ਚੱਲ ਕੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ (ਸ਼ਹੀਦ ਭਗਤ ਸਿੰਘ ਨਗਰ) ਵਿਖੇ ਪਹੁੰਚੀ। ਇਸ ਮੌਕੇ ਪ੍ਰਮਾਤਮਾ ਦੇ ਚਰਨਾਂ 'ਚ ਹੜ੍ਹ ਪੀੜਤਾਂ ਦੀ ਭਲਾਈ ਲਈ ਮਿਲ ਕੇ ਅਰਦਾਸ ਕੀਤੀ ਗਈ। ਇਸ ਮੌਕੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਦੇ ਪੰਜਾਬੀ ਲੈਕਚਰਾਰ/ਪੰਜਾਬ ਦੇ ਨਾਮਵਰ ਸ਼ਾਇਰ ਸੁਨੀਲ ਚੰਦਿਆਣਵੀ ਨੂੰ ਅਧਿਆਪਨ ਅਤੇ ਸਮਾਜ ਸੇਵਾ ਖੇਤਰ 'ਚ ਨਿਰੰਤਰ ਅਹਿਮ ਸੇਵਾਵਾਂ ਪ੍ਰਦਾਨ ਕਰਨ ਬਦਲੇ ਸਨਮਾਨ ਪੱਤਰ, ਸ਼ਾਲ ਅਤੇ ਤੋਹਫ਼ਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੌਰ ਨੇ ਸਕੂਲ ਪਹੁੰਚੀ ਨੈਸ਼ਨਲ ਯੂਥ ਵੈਲਫ਼ੇਅਰ ਕਲੱਬ ਦੀ ਟੀਮ ਨੂੰ ਸਕੂਲ ਮੁਖੀ ਪੂਜਾ ਗੁਪਤਾ ਜੀ ਆਇਆਂ ਨੂੰ ਆਖਿਆ। ਇਸ ਮੌਕੇ ਲੈਕਚਰਾਰ ਸੁਨੀਲ ਚੰਦਿਆਣਵੀ ਨੇ ਸਭ ਦਾ ਧੰਨਵਾਦ ਕਰਦਿਆਂ ਵਿਸ਼ਵਾਸ਼ ਦੁਆਇਆ ਕਿ ਉਹ ਸਕੂਲ ਅਤੇ ਵਿਦਿਆਰਥਣਾਂ ਦੀ ਬੇਹਤਰੀ ਵਾਸਤੇ ਹੋਰ ਸੁਹਿਦਰਤਾ ਨਾਲ ਆਪਣੀ ਸੇਵਾਵਾਂ ਪ੍ਰਦਾਨ ਕਰਨ ਵਾਸਤੇ ਹਮੇਸ਼ਾ ਯਤਨਸ਼ੀਲ ਰਹਿਣਗੇ।

ਇਸ ਮੌਕੇ ਸਕੂਲ ਦੇ ਸਟਾਫ਼ 'ਚ ਹਾਜ਼ਰ ਸਨ। ਇਸ ਮੌਕੇ ਕਲੱਬ ਦੇ ਪ੍ਰਧਾਨ ਗੁਰਚਰਨ ਸਿੰਘ ਨੇ ਵਿਦਿਆਰਥੀਆਂ ਨੂੰ ਅਧਿਆਪਕ ਦਿਵਸ ਦੀ ਮਹੱਤਤਾ ਦੱਸਦਿਆਂ ਕਿਹਾ ਆਉਂਦੇ ਦਿਨਾਂ 'ਚ ਹੋਰ ਵਧੀਆ ਕੰਮ ਕਰਨ ਵਾਲੇ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਮੁੱਖ ਸਲਾਹਕਾਰ ਇੰਜ.ਬਲਤੇਜ ਸਿੰਘ ਤੇਜੀ ਨੇ ਸਕੂਲ ਮੁਖੀ ਦੀ ਕਾਰਗੁਜ਼ਾਰੀ ਤੋਂ ਜਾਣੂ ਕਰਵਾਇਆ। ਇਸ ਮੌਕੇ ਲੋਕ ਗਾਇਕ ਹਰਿੰਦਰ ਸੰਧੂ ਨੇ ਤਰੁਨੰਮ 'ਚ 'ਤੇਰੀ ਜਿਹਾ ਪਿਆਰਾ ਧੀਏ', ਧੀਆਂ ਮਿਸ਼ਰੀ ਡਲੀਆਂ, ਮਾਪੇ ਗੀਤਾਂ ਨਾਲ ਸਭ ਨੂੰ ਵਾਰ-ਵਾਰ ਦਾਦ ਦੇਣ ਲਈ ਮਜ਼ਬੂਰ ਕੀਤਾ। ਕਲੱਬ ਦੇ ਪ੍ਰੋਗਰਾਮ ਕੋਆਰਡੀਨੇਟਰ ਗੁਰਮੇਲ ਸਿੰਘ ਜੱਸਲ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ,ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਨਮਾਨ ਕਰਨ ਵਾਸਤੇ ਪ੍ਰੇਰਿਤ ਕੀਤਾ। ਇਸ ਮੌਕੇ ਪਾਲ ਸਿੰਘ ਸੰਧੂ ਨੇ ਕਿਹਾ ਕਿ ਅੱਜ ਸਕੂਲਾਂ 'ਚ ਅੰਦਰ ਬਹੁਤ ਵਧੀਆ ਅਧਿਆਪਕ ਹਨ ਜੋ ਵਿਦਿਆਰਥੀਆਂ ਦੀ ਭਲਾਈ ਵਾਸਤੇ ਪੂਰੀ ਤਨਦੇਹੀ ਨਾਲ ਹਰ ਜ਼ਿੰਮੇਵਾਰੀ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਟੀਚੇ ਮਿੱਥ ਕੇ ਮਿਹਨਤ ਵਾਸਤੇ ਪ੍ਰੇਰਿਤ ਕਰਦਿਆਂ ਭਵਿੱਖ 'ਚ ਵਿਦਿਆਰਥੀਆਂ ਦੀ ਸਹਾਇਤਾ ਕਰਨ ਦਾ ਭਰੋਸਾ ਦਿੱਤਾ। ਸਟੇਜ ਸਕੱਤਰ ਦੀ ਭੂਮਿਕਾ ਸੁਨੀਲ ਸ਼ਰਮਾ ਨੇ ਮਨਮੋਹਕ ਢੰਗ ਨਾਲ ਨਿਭਾਈ।

ਬਾਬਾ ਫ਼ਰੀਦ ਆਗਮਨ ਪੁਰਬ ਮੌਕੇ ਬਾਬਾ ਸ਼ੇਖ ਫ਼ਰੀਦ ਸਪੋਰਟਸ ਕਬੱਡੀ ਕਲੱਬ ਨੇ ਜਸਬੀਰ ਸਿੰਘ ਜੱਸੀ ਨੂੰ ਸਨਮਾਨਿਤ ਕੀਤਾ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾ

ਫਰੀਦਕੋਟ 27 ਸਤੰਬਰ : ਸਥਾਨਕ ਨਹਿਰੂ ਸਟੇਡੀਅਮ ਫ਼ਰੀਦਕੋਟ ਵਿਖੇ ਕਰਵਾਏ 56ਵੇਂ ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ ਨੂੰ ਬਾਬਾ ਸ਼ੇਖ ਫ਼ਰੀਦ ਸਪੋਰਟਸ ਕਬੱਡੀ ਕਲੱਬ ਫ਼ਰੀਦਕੋਟ ਵੱਲੋਂ ਕਰਵਾਏ 14 ਵੇਂ ਕਬੱਡੀ ਕੱਪ ਮੌਕੇ ਕਲੱਬ ਦੇ ਪ੍ਰਧਾਨ ਨਿਰਮਲ ਸਿੰਘ ਸੰਧਾ ਦੀ ਯੋਗ ਅਗਵਾਈ ਹੇਠ ਦਲਜੀਤ ਸਿੰਘ ਟ੍ਰਟੇਜਾ, ਪ੍ਰਗਟ ਸਿੰਘ ਢੀਮਾਂਵਾਲੀ, ਸ਼ਵਿੰਦਰ ਸਿੰਘ ਭਲੂਰ, ਮਨਪ੍ਰੀਤ ਸਿੰਘ ਅਰਾਈਆਂਵਾਲਾ, ਹਰਮਿੰਦਰ ਸਿੰਘ ਮਿੰਦਾ, ਪ੍ਰਗਟ ਸਿੰਘ ਢੀਮਾਂਵਾਲੀ, ਪਰਮਿੰਦਰ ਸਿੰਘ ਸੰਧੂ ਸਰਪੰਚ ਚੇਤ ਸਿੰਘ ਵਾਲਾ, ਜਸਬੀਰ ਸਿੰਘ ਭਾਗਥਲਾਂ, ਚਰਨਜੀਤ ਸਿੰਘ ਅਰਾਈਆਂਵਾਲਾ ਕਲਾਂ ਨੇ ਮਿਲ ਕੇ ਮੰਚ ਸੰਚਾਲਕ ਜਸਬੀਰ ਸਿੰਘ ਜੱਸੀ ਨੂੰ ਮੰਚ ਸੰਚਾਲਨ ਖੇਤਰ 'ਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਬਦਲੇ ਸਨਮਾਨਿਤ ਕੀਤਾ।

ਸਰੀ ਵਿਚ ਇੰਟਰਨੈਸ਼ਨਲ ਸਟੂਡੈਂਟਸ ਯੂਨੀਅਨ ਵੱਲੋਂ ਕਰਵਾਇਆ ਗਿਆ ਪੇਂਡੂ ਖੇਡ ਮੇਲਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 27 ਸਤੰਬਰ : ਇੰਟਰਨੈਸ਼ਨਲ ਸਟੂਡੈਂਟਸ ਯੂਨੀਅਨ ਵੱਲੋਂ ਬੀਤੇ ਦਿਨੀਂ ਨਿਊਟਨ ਐਥਲੈਟਿਕਸ ਪਾਰਕ ਸਰੀ ਵਿਚ ਪੇਂਡੂ ਖੇਡ ਮੇਲਾ ਕਰਵਾਇਆ ਗਿਆ। ਇਸ ਖੇਡ ਮੇਲੇ ਵਾਲੀਬਾਲ, ਕਿਕ੍ਰਟ, ਸੀਪ ਅਤੇ ਹੋਰ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਆਈਸੀਯੂ ਦੇ ਪ੍ਰਧਾਨ ਜਸ਼ਨ ਸਿੱਧੂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਸਾਰੇ ਖੇਡ ਮੁਕਾਬਲੇ ਬਹੁਤ ਹੀ ਦਿਲਚਸਪ ਰਹੇ ਅਤੇ ਵੱਡੀ ਗਿਣਤੀ ਵਿਚ ਖੇਡ ਪ੍ਰੇਮੀਆਂ ਨੇ ਖੇਡਾਂ ਆਨੰਦ ਮਾਣਿਆ।

ਉਨ੍ਹਾਂ ਦੱਸਿਆ ਕਿ ਅੰਤਿਮ ਨਤੀਜਿਆਂ ਅਨੁਸਾਰ ਵਾਲੀਬਾਲ ਦੇ ਮੁਕਾਬਲੇ ਵਿਚ ਕੈਨੇਡਾ ਫਰੈਂਡਲੀ ਕਲੱਬ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਸਰੀ ਅਜ਼ਾਦ ਕਲੱਬ ਦੀ ਟੀਮ ਦੂਸਰੇ ਸਥਾਨ 'ਤੇ ਰਹੀ। ਕਿਕ੍ਰਟ ਦੇ ਫਾਈਨਲ ਮੁਕਾਬਲੇ ਵਿਚ ਟਰੂਥ ਫਰੈਂਡਜ ਕਲੱਬ ਦੀ ਟੀਮ ਜੇਤੂ ਰਹੀ ਅਤੇ ਸਰੀ ਲਾਇਨਜ਼ ਕਲੱਬ ਦੀ ਟੀਮ ਰਨਰ ਰਹੀ। ਇਸ ਮੁਕਾਬਲੇ ਵਿਚ ਪ੍ਰਭ ਭੁੱਲਰ ਨੂੰ ਬੈਸਟ ਬੱਲੇਬਾਜ਼ ਐਲਾਨਿਆ ਗਿਆ ਅਤੇ ਸੈਂਡੀ ਨੂੰ ਬੈਸਟ ਗੇਂਦਬਾਜ਼ ਦਾ ਖ਼ਿਤਾਬ ਦਿੱਤਾ ਗਿਆ। ਖੇਡ ਮੇਲੇ ਵਿਚ ਚੜ੍ਹਦੀਕਲਾ ਬ੍ਰਦਰਜ਼ਹੁੱਡ ਦੇ ਟੀਮ ਮੈਂਬਰ, ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਵਿਸ਼ੇਸ਼ ਤੌਰ 'ਤੇ ਹਾਜਰ ਹੋਏ। ਇਸ ਸੰਸਥਾ ਦੇ ਪ੍ਰਧਾਨ ਡਾ. ਜਸਵਿੰਦਰ ਸਿੰਘ ਦਿਲਾਵਰੀ ਨੇ ਇਸ ਖੇਡ ਮੇਲੇ ਲਈ ਇੰਟਰਨੈਸ਼ਨਲ ਸਟੂਡੈਂਟਸ ਯੂਨੀਅਨ ਦੇ ਆਗੂਆਂ ਨੂੰ ਸ਼ਾਬਾਸ਼ ਦਿੰਦਿਆਂ ਕਿਹਾ ਕਿ ਹੋਰਨਾਂ ਸੰਸਥਾਵਾਂ ਨੂੰ ਵੀ ਅਜਿਹੇ ਉਪਰਾਲੇ ਕਰਨੇ ਚਾਹੀਦੇ ਹਨ।

ਖੇਡ ਮੇਲੇ ਵਿਚ ਵਿਚ ਪਹੁੰਚ ਕੇ ਸਰੀ ਨਿਊਟਨ ਦੇ ਮੈਂਬਰ ਪਾਰਲੀਮੈਂਟ ਸੁਖ ਧਾਲੀਵਾਲ , ਬੀ.ਸੀ. ਦੇ ਟਰੇਡ ਮੰਤਰੀ ਜਗਰੂਪ ਸਿੰਘ, ਕੌਂਸਲਰ ਲਿੰਡਾ ਐਨਿਸ, ਐਮ ਐਲ ਏ ਮਨਦੀਪ ਸਿੰਘ ਧਾਲੀਵਾਲ , ਜੋਗਰਾਜ ਸਿੰਘ ਕਾਹਲੋਂ ਨੇ ਖੇਡ ਮੇਲੇ ਦੇ ਪ੍ਰਬੰਧਕਾਂ ਅਤੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ।

ਖੇਡ ਮੇਲੇ ਵਿਚ ਹੋਰਨਾਂ ਤੋਂ ਇਲਾਵਾ ਲਖਵੀਰ ਗਰੇਵਾਲ, ਹਰਪ੍ਰੀਤ ਸਿੰਘ ਮਨਕਾਟਲਾ, ਬਲਜੀਤ ਸਿੰਘ ਰਾਏ, ਮਨਜੀਤ ਸਿੰਘ ਚੀਮਾ, ਅਵਤਾਰ ਸਿੰਘ ਧਨੋਆ, ਨਿਰੰਜਣ ਸਿੰਘ ਲਹਿਲ, ਸੰਦੀਪ ਸਿੰਘ ਧੰਜੂ, ਦਵਿੰਦਰ ਸਿੰਘ ਸ਼ੇਰਗਿੱਲ, ਜ਼ੋਰਾਵਰ ਸਿੰਘ ਗਰੇਵਾਲ, ਪਰਮਜੀਤ ਸਿੰਘ ਗਰੇਵਾਲ, ਅਰਸ਼ਨੂਰ ਕੌਰ ਨੇ ਸ਼ਮੂਲੀਅਤ ਕੀਤੀ। ਇੰਟਰਨੈਸ਼ਨਲ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਜਸ਼ਨ ਸਿੱਧੂ ਨੇ ਖੇਡ ਵਿਚ ਸ਼ਾਮਲ ਹੋਏ ਮਹਿਮਾਨਾਂ, ਰਾਜਨੀਤਕ ਆਗੂਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

ਇਸ ਮੌਕੇ 'ਤੇ ਚੜ੍ਹਦੀਕਲਾ ਬ੍ਰਦਰਜ਼ਹੁੱਡ ਐਸੋਸੀਏਸ਼ਨ ਵੱਲੋਂ ਲੋਕ ਭਲਾਈ ਕਾਰਜਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਹਿਤ ਇੱਕ ਸਟਾਲ ਲਾਇਆ ਗਿਆ ਅਤੇ ਐਸੋਸੀਏਸ਼ਨ ਦੇ ਮੈਂਬਰਾਂ ਨੇ ਖੇਡ ਮੇਲੇ ਵਿਚ ਸ਼ਾਮਲ ਲੋਕਾਂ ਨੂੰ ਪੰਜਾਬ ਦੇ ਹੜ ਪੀੜਤਾਂ ਦੀ ਆਰਥਿਕ ਮਦਦ ਕਰਨ ਦੀ ਅਪੀਲ ਕੀਤੀ।

ਮੈਂ ਮੰਜ਼ਿਲ ਵੱਲ ਇਕੱਲਾ ਹੀ ਚੱਲਿਆ ਸੀ,ਲੋਕ ਸਾਥ ਹੁੰਦੇ ਗਏ ਅਤੇ ਕਾਫ਼ਲਾ ਬਣਦਾ ਗਿਆ-ਭਾਅ ਗੁਰਸ਼ਰਨ ਸਿੰਘ (16 ਸਤੰਬਰ1929 ਤੋਂ 27 ਸਤੰਬਰ 2011)

ਵਰਲਡ ਪੰਜਾਬੀ ਟਾਈਮਜ਼
ਮਾਸਟਰ ਪਰ